8W

ਦਫ਼ਤਰ ਜ਼ਿਲ੍ਹਾ ਮੈਜਿਸਟਰੇਟ, ਸਾਹਿਬਜ਼ਾਦਾ ਅਜੀਤ ਸਿੰਘ ਨਗਰ।
(ਫੁਟਕਲ ਸ਼ਾਖਾ)

## ਹੁਕਮ

ਮੇਰੇ ਧਿਆਨ ਵਿੱਚ ਲਿਆਂਦਾ ਗਿਆ ਹੈ ਕਿ ਵਿਆਹ ਦੇ ਨਿਰਧਾਰਤ ਸਥਾਨਾ ਜਾਂ ਹੋਰ ਫੰਕਸ਼ਨਾਂ ਵਿੱਚ ਆਮ ਲੋਕ ਅਸਲਾ ਲੈ ਕੇ ਆਉਂਦੇ ਹਨ ਅਤੇ ਗੋਲੀਬਾਰੀ ਕਰ ਦਿੰਦੇ ਹਨ। ਇਸ ਨਾਲ ਜਾਨੀ ਨੁਕਸਾਨ ਹੋ ਸਕਦਾ ਹੈ ਅਤੇ ਅਮਨ ਤੇ ਕਾਨੂੰਨ ਦੀ ਸਥਿੱਤੀ ਦੇ ਭੰਗ ਹੋਣ ਦਾ ਖਤਰਾ ਬਣ ਜਾਂਦਾ ਹੈ। ਇਸ ਲਈ ਜ਼ਿਲ੍ਹੇ ਵਿੱਚ ਸਥਿੱਤ ਮੈਰਿਜ਼ ਪੈਲੇਸਾਂ ਵਿੱਚ ਵਿਆਹਾਂ ਜਾਂ ਹੋਰ ਫੰਕਸ਼ਨਾਂ ਵਿੱਚ ਅਸਲਾ ਲੈ ਕੇ ਜਾਣ ਤੇ ਪਾਬੰਦੀ ਲਾਉਣੀ ਜ਼ਰੂਰੀ ਹੋ ਗਈ ਹੈ।

ਮੈਂ, ਗਿਰੀਸ਼ ਦਿਆਲਨ, ਆਈ.ਏ.ਐਸ., ਜ਼ਿਲ੍ਹਾ ਮੈਜਿਸਟਰੇਟ, ਸਾਹਿਬਜ਼ਾਦਾ ਅਜੀਤ ਸਿੰਘ ਨਗਰ ਫੌਜਦਾਰੀ ਜ਼ਾਬਤਾ ਸੰਘਤਾ 1973 (1974 ਦਾ ਐਕਟ ਨੰਬਰ 2) ਦੀ ਧਾਰਾ 144 ਅਧੀਨ ਪ੍ਰਾਪਤ ਹੋਈਆਂ ਸ਼ਕਤੀਆਂ ਦੀ ਵਰਤੋਂ ਕਰਦਾ ਹੋਇਆ ਜ਼ਿਲ੍ਹੇ ਵਿੱਚ ਸਥਿੱਤ ਮੈਰਿਜ਼ ਪੈਲੇਸਾਂ ਵਿੱਚ ਵਿਆਹ ਜਾਂ ਹੋਰ ਫੰਕਸ਼ਨਾਂ ਵਿੱਚ ਆਮ ਲੋਕਾਂ ਤੇ ਅਸਲਾ ਲੈ ਕੇ ਆਉਣ ਤੇ ਪਾਬੰਦੀ ਲਗਾਉਣ ਦਾ ਹੁਕਮ ਜਾਰੀ ਕਰਦਾ ਹਾਂ। ਇਹ ਵੀ ਹੁਕਮ ਕੀਤਾ ਜਾਂਦਾ ਹੈ ਕਿ ਜੇਕਰ ਕੋਈ ਵਿਅਕਤੀ ਮੈਰਿਜ਼ ਪੈਲੇਸ ਮੈਰਿਜ਼ ਵਿੱਚ ਅਸਲਾ ਲੈ ਕੇ ਆਉਂਦਾ ਹੈ ਤਾਂ ਪੈਲੇਸ ਦੇ ਮਾਲਕ ਮੁਕਾਮੀ ਪੁਲਿਸ ਨੂੰ ਇਸ ਸਬੰਧੀ ਤੁਰੰਤ ਸੂਚਿਤ ਕਰੇਗਾ।

ਹਾਲਾਤ ਦੀ ਤੱਤਪਰਤਾ ਨੂੰ ਮੁੱਖ ਰੱਖਦੇ ਹੋਏ ਇਹ ਹੁਕਮ ਇੱਕ ਤਰਫਾ ਜਾਰੀ ਕੀਤਾ ਜਾਂਦਾ ਹੈ ਅਤੇ ਆਮ ਜਨਤਾ ਨੂੰ ਸੰਬੋਧਿਤ ਕੀਤਾ ਜਾਂਦਾ ਹੈ।

ਇਹ ਹੁਕਮ ਮਿਤੀ 17-06-2020 ਤੋਂ 16-08-2020 ਤੱਕ ਜ਼ਿਲ੍ਹਾ ਸਾਹਿਬਜ਼ਾਦਾ ਅਜੀਤ ਸਿੰਘ ਨਗਰ ਵਿਖੇ ਤੁਰੰਤ ਅਸਰ ਨਾਲ ਲਾਗੂ ਹੋਵੇਗਾ।

ਸੀਨੀਅਰ ਕਪਤਾਨ ਪੁਲਿਸ, ਐਸ.ਏ.ਐਸ.ਨਗਰ ਇਸ ਹੁਕਮ ਦੀ ਪਾਲਣਾ ਕਰਨੀ ਯਕੀਨੀ ਬਨਾਉਣਗੇ। ਇਸ ਤੋਂ ਇਲਾਵਾ ਸਬੰਧਤ ਉਪ ਮੰਡਲ ਮੈਜਿਸਟਰੇਟ, ਤਹਿਸੀਲਦਾਰ ਅਤੇ ਨਾਇਬ ਤਹਿਸੀਲਦਾਰ ਵੀ ਇਨ੍ਹਾਂ ਹੁਕਮਾ ਦੀ ਪਾਲਣਾ ਅਤੇ promulgate ਕਰਨਾ ਯਕੀਨੀ ਬਣਾਉਣਗੇ।

ਇਹ ਹੁਕਮ ਦਾ ਪ੍ਰਚਾਰ ਜ਼ਿਲ੍ਹਾ ਸਾਹਿਬਜ਼ਾਦਾ ਅਜੀਤ ਸਿੰਘ ਨਗਰ ਦੇ ਇਲਾਕਿਆਂ ਵਿੱਚ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਐਸ.ਏ.ਐਸ.ਨਗਰ ਦੀ ਪ੍ਰਚਾਰ ਵੈਨ ਅਤੇ ਸਰਕਾਰੀ ਦਫ਼ਤਰਾਂ ਦੇ ਨੋਟਿਸ ਬੋਰਡਾਂ ਤੇ ਇਸ ਹੁਕਮ ਦੀਆਂ ਕਾਪੀਆ ਚਸਪਾ ਕਰਕੇ ਰੇਡੀਉ ਟੈਲੀਵੀਜ਼ਨ, ਦੂਰਦਰਸ਼ਨ ਅਤੇ ਪ੍ਰੈਸ ਰਾਹੀਂ ਆਮ ਜਨਤਾ ਤੱਕ ਪਹੁੰਚਾਇਆ ਜਾਵੇ।

ਇਹ ਹੁਕਮ ਅੱਜ ਮਿਤੀ 17-06-2020 ਨੂੰ ਮੇਰੇ ਹਸਤਾਖ਼ਰਾਂ ਅਤੇ ਮੋਹਰ ਅਦਾਲਤ ਨਾਲ ਜਾਰੀ ਕੀਤਾ ਗਿਆ।

ਸਹੀ/-
ਗਿਰੀਸ਼ ਦਿਆਲਨ, ਆਈ.ਏ.ਐਸ.,
ਜ਼ਿਲ੍ਹਾ ਮੈਜਿਸਟਰੇਟ,
ਸਾਹਿਬਜ਼ਾਦਾ ਅਜੀਤ ਸਿੰਘ ਨਗਰ।

ਪਿੱਠ ਅੰਕਣ ਨੰ: 14341-14405 /ਐਮ.ਸੀ-1 ਮਿਤੀ: 23-6-2020

ਇਸ ਦਾ ਇੱਕ ਉਤਾਰਾ:-

1. ਮੁੱਖ ਸਕੱਤਰ, ਪੰਜਾਬ ਸਰਕਾਰ, ਚੰਡੀਗੜ੍ਹ।
2. ਪ੍ਰਮੁੱਖ ਸਕੱਤਰ ਪੰਜਾਬ ਸਰਕਾਰ ਗ੍ਰਹਿ ਮਾਮਲੇ ਅਤੇ ਨਿਆਂ ਵਿਭਾਗ, ਚੰਡੀਗੜ੍ਹ।
3. ਕਮਿਸ਼ਨਰ, ਰੂਪਨਗਰ ਮੰਡਲ, ਰੂਪਨਗਰ।
4. ਡੀ.ਆਈ.ਜੀ. ਰੇਂਜ ਰੂਪਨਗਰ।
5. ਜਿਲਾ ਅਤੇ ਸ਼ੈਸ਼ਨ ਜੱਜ, ਐਸ.ਏ.ਐਸ.ਨਗਰ।
6. ਵਧੀਕ ਜਿਲਾ ਅਤੇ ਸ਼ੈਸ਼ਨ ਜੱਜ, ਸਾਹਿਬਜ਼ਾਦਾ ਅਜੀਤ ਸਿੰਘ ਨਗਰ।
7. ਸਕੱਤਰ, ਪੰਜਾਬ ਸਕੂਲ ਸਿੱਖਿਆ,ਬੋਰਡ, ਸਾਹਿਬਜ਼ਾਦਾ ਅਜੀਤ ਸਿੰਘ ਨਗਰ।
8. ਸੀਨੀਅਰ ਪੁਲਿਸ ਕਪਤਾਨ, ਸਾਹਿਬਜ਼ਾਦਾ ਅਜੀਤ ਸਿੰਘ ਨਗਰ।
9. ਸਮੂਹ ਜਿਲਾ ਮੈਜਿਸਟਰੇਟ ਰੂਪਨਗਰ, ਫਤਹਿਗੜ੍ਹ ਸਾਹਿਬ, ਪਟਿਆਲਾ, ਸੰਗਰੂਰ, ਮਾਨਸਾ, ਲੁਧਿਆਣਾ, ਬਠਿੰਡਾ, ਫਿਰੋਜ਼ਪੁਰ, ਫਰੀਦਕੋਟ, ਮੋਗਾ, ਮੁਕਤਸਰ, ਅਮ੍ਰਿਤਸਰ, ਤਰਨ ਤਾਰਨ, ਜਲੰਧਰ, ਕਪੂਰਥਲਾ, ਹੁਸ਼ਿਆਰਪੁਰ, ਸ਼ਹੀਦ ਭਗਤ ਸਿੰਘ ਨਗਰ, ਗੁਰਦਾਸਪੁਰ, ਬਰਨਾਲਾ, ਫਾਜਲਿਕਾ, ਪਠਾਨਕੋਟ।
10. ਕਮਿਸ਼ਨਰ, ਨਗਰ ਨਿਗਮ, ਸਾਹਿਬਜ਼ਾਦਾ ਅਜੀਤ ਸਿੰਘ ਨਗਰ।
11. ਸਿਵਲ ਸਰਜਨ, ਸਾਹਿਬਜ਼ਾਦਾ ਅਜੀਤ ਸਿੰਘ ਨਗਰ।
12. ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਸਾਹਿਬਜ਼ਾਦਾ ਅਜੀਤ ਸਿੰਘ ਨਗਰ।
13. ਜ਼ਿਲ੍ਹਾ ਵਿਕਾਸ ਅਤੇ ਪੰਚਾਇਤ ਅਫ਼ਸਰ, ਸਾਹਿਬਜ਼ਾਦਾ ਅਜੀਤ ਸਿੰਘ ਨਗਰ।
14. ਉਪ ਮੰਡਲ ਮੈਜਿਸਟਰੇਟ, ਮੋਹਾਲੀ, ਖਰੜ, ਡੇਰਾਬਸੀ।
15. ਤਹਿਸੀਲਦਾਰ, ਮੋਹਾਲੀ, ਖਰੜ, ਡੇਰਾਬਸੀ।
16. ਨਾਇਬ ਤਹਿਸੀਲਦਾਰ, ਮਾਜਰੀ, ਬਨੂੰੜ, ਜੀਰਕਪੁਰ।
17. ਬਲਾਕ ਵਿਕਾਸ ਤੇ ਪੰਚਾਇਤ ਅਫ਼ਸਰ, ਮਾਜਰੀ, ਖਰੜ, ਡੇਰਾਬਸੀ।
18. ਕਾਰਜ ਸਾਧਕ ਅਫ਼ਸਰ, ਨਗਰ ਕੌਂਸਲ, ਖਰੜ, ਕੁਰਾਲੀ, ਡੇਰਾਬਸੀ, ਨਿਆ ਗਰਾਓ, ਜੀਰਕਪੁਰ, ਬਨੂੜ ਅਤੇ ਲਾਲੜੂ।
19. ਜ਼ਿਲ੍ਹਾ ਟਰਾਂਸਪੋਰਟ ਅਫ਼ਸਰ, ਸਾਹਿਬਜ਼ਾਦਾ ਅਜੀਤ ਸਿੰਘ ਨਗਰ।
20. ਜਿਲ੍ਹਾ ਇੰਨਫੋਰਮੈਟਿਕ ਅਫਸਰ, ਸਾਹਿਬਜਾਦਾ ਅਜੀਤ ਸਿੰਘ ਨਗਰ ਨੂੰ ਧਾਰਾ 144 ਦੇ ਹੁਕਮ ਜਿਲ੍ਹੇ ਦੀ ਵੈਬ ਸਾਈਟ ਤੇ ਅਪ ਲੋਡ ਕਰਨ ਸਬੰਧੀ।
21. ਸਕੱਤਰ ਮਾਰਕੀਟ ਕਮੇਟੀ ਖਰੜ, ਡੇਰਾਬਸੀ, ਕੁਰਾਲੀ, ਲਾਲੜੂ, ਬਨੂੜ।
22. ਜ਼ਿਲ੍ਹਾ ਸਿੱਖਿਆ ਅਫ਼ਸਰ(ਸੈਕੰਡਰੀ), ਸਾਹਿਬਜ਼ਾਦਾ ਅਜੀਤ ਸਿੰਘ ਨਗਰ।
23. ਜ਼ਿਲ੍ਹਾ ਸਿੱਖਿਆ ਅਫ਼ਸਰ(ਪ੍ਰਾਇਮਰੀ), ਸਾਹਿਬਜ਼ਾਦਾ ਅਜੀਤ ਸਿੰਘ ਨਗਰ।
24. ਸੁਪਰਡੰਟ ਗਰੇਡ-1/ਪੀ.ਏ.ਟੂ ਡੀ.ਐਮ./ਸਟੈਨੋ ਟੂ ਏ.ਡੀ.ਐਮ.(ਜ)/ਸਟੈਨੋ ਟੂ ਸ:ਕ:(ਜ) ਨੂੰ ਸੂਚਨਾ ਤੇ ਅਗਲੀ ਕਾਰਵਾਈ ਹਿੱਤ।

ਐਸ.ਐਸ.ਪੀ.
ਐਸ.ਏ.ਐਸ. ਨਗਰ
23-6-2020

ਸਹਾਇਕ ਕਮਿਸ਼ਨਰ(ਜ)
ਵਾ:ਜ਼ਿਲ੍ਹਾ ਮੈਜਿਸਟਰੇਟ,
ਸਾਹਿਬਜ਼ਾਦਾ ਅਜੀਤ ਸਿੰਘ ਨਗਰ।

TOP